# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :16-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ -ਸਟਾਰਟਅੱਪ ਇੰਡੀਆ ਪ੍ਰੋਗਰਾਮ ਇੱਕ "ਸਤਰੰਗਾਂ ਦ੍ਰਿਸ਼ਟੀਕੋਣ ਏ, ਜੋ ਵੱਖ-ਵੱਖ ਖੇਤਰਾਂ ਨੂੰ ਨਵੇਂ ਮੌਕਿਆਂ ਨਾਲ ਜੋੜਦਾ ਏ ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਨੌਜਵਾਨਾਂ ਨੂੰ ਦੇਸ਼ ਅਤੇ ਸਮਾਜ ਦੀ ਸੇਵਾ ਕਰਨ ਦੀ ਅਪੀਲ -ਉਨ੍ਹਾਂ NIT ਜਲੰਧਰ ਦੇ 21ਵੇਂ ਕਨਵੋਕੇਸ਼ਨ ਸਮਾਰੋਹ ਵਿਚ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਏਬੇ ਨਾਲ ਕੀਤੀ ਮੁਲਾਕਾਤ - ਸ੍ਰੀ ਡੇਵਿਡ ਨੇ

ਪੰਜਾਬ ਨਾਲ ਹੋਰ ਨੇੜਲੇ ਸਬੰਧਾਂ ਲਈ ਉਤਸੁਕਤਾ ਜ਼ਾਹਿਰ ਕੀਤੀ ।

- ਪੰਜਾਬ ਸਰਕਾਰ ਵੱਲੋਂ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਬਜ਼ੁਰਗਾਂ ਦੇ ਸਤਿਕਾਰ ਲਈ ਮੁਹਾਲੀ ਵਿਖੇ ਸੂਬਾ ਪੱਧਰੀ ਸਮਹੋਰ ਦਾ ਆਯੋਜਨ ।

- ਅੰਮ੍ਰਿਤਸਰ ਦਿਹਾਤੀ ਪੁਲਿਸ ਵਲੋਂ ਇੱਕ ਕੌਮਾਂਤਰੀ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼- 3 ਮੁਲਜ਼ਮਾਂ ਨੂੰ ਹੈਰੋਇਨ, ਹਥਿਆਰ, ਗੋਲਾ-ਬਾਰੂਦ ਅਤੇ ਕਾਰਾਂ ਸਮੇਤ ਕੀਤਾ ਗ੍ਰਿਫ਼ਤਾਰ ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਕਿ ਸਟਾਰਟਅੱਪ ਇੰਡੀਆ ਪ੍ਰੋਗਰਾਮ ਸਿਰਫ਼ ਇੱਕ ਯੋਜਨਾ ਨਹੀਂ ਏ, ਸਗੋਂ ਇੱਕ "ਸਤਰੰਗਾਂ ਦ੍ਰਿਸ਼ਟੀਕੋਣ ਏ, ਜੋ ਵੱਖ-ਵੱਖ ਖੇਤਰਾਂ ਨੂੰ ਨਵੇਂ ਮੌਕਿਆਂ ਨਾਲ ਜੋੜਦਾ ਏ । ਨਵੀਂ ਦਿੱਲੀ ਵਿੱਚ ਰਾਸ਼ਟਰੀ ਸਟਾਰਟਅੱਪ ਦਿਵਸ ਦੇ ਮੌਕੇ 'ਤੇ ਸਟਾਰਟਅੱਪ ਇੰਡੀਆ ਦੇ ਇੱਕ ਦਹਾਕੇ ਦੀ ਸਮਾਪਤੀ ਦੀ ਯਾਦ ਵਿੱਚ ਆਯੋਜਿਤ ਇੱਕ ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਮੋਦੀ ਨੇ ਕਿਹਾ ਕਿ ਸਟਾਰਟਅੱਪ ਇੰਡੀਆ ਮਿਸ਼ਨ ਸਿਰਫ਼ 10 ਸਾਲਾਂ ਵਿੱਚ ਇੱਕ ਕ੍ਰਾਂਤੀ ਬਣ

ਗਿਆ ਏ ਅਤੇ ਦੇਸ਼ ਭਰ ਵਿੱਚ ਇੱਕ ਨਵੇਂ ਸਭਿਆਚਾਰ ਨੂੰ ਉਤਸ਼ਾਹਿਤ ਕੀਤਾ ਏ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਈਕੋਸਿਸਟਮ ਏ। ਉਨ੍ਹਾਂ ਕਿਹਾ ਕਿ ਅੱਜ, ਭਾਰਤ ਦੇ ਨੌਜਵਾਨ ਅਸਲ ਸਮੱਸਿਆਵਾਂ ਨੂੰ ਹੱਲ ਕਰਨ 'ਤੇ ਵਧੇਰੇ ਕੇਂਦ੍ਰਿਤ ਨੇ। ਉਨ੍ਹਾਂ ਇਸ ਲਈ ਇਨ੍ਹਾਂ ਨੌਜਵਾਨਾਂ ਦੀ ਪ੍ਰਸ਼ੰਸਾ ਕੀਤੀ।

BYTE

---------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨੌਜਵਾਨਾਂ ਨੂੰ ਰਾਸ਼ਟਰ ਅਤੇ ਸਮਾਜ ਦੀ ਭਲਾਈ ਲਈ ਆਪਣੀਆਂ ਯੋਗਤਾਵਾਂ ਅਤੇ ਸਿੱਖਿਆ ਦੀ ਵਰਤੋਂ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਨੇ ਜਿਨ੍ਹਾਂ 'ਤੇ ਭਾਰਤ ਦੀ ਤਰੱਕੀ ਨਿਰਭਰ ਕਰਦੀ ਏ। ਜਲੰਧਰ ਸਥਿਤ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਦੇ 21ਵੇਂ ਕਨਵੋਕੇਸ਼ਨ ਸਮਾਰੋਹ ਨੂੰ ਮੁੱਖ ਮਹਿਮਾਨ ਵਜੋਂ ਸੰਬੋਧਨ ਕਰਦਿਆਂ ਰਾਜਪਾਲ ਨੇ ਗ੍ਰੈਜੂਏਟ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ, ਉਨ੍ਹਾਂ ਨੂੰ ਆਪਣੀਆਂ ਯੋਗਤਾਵਾਂ ਰਾਹੀਂ ਉੱਚ ਅਹੁਦੇ ਪ੍ਰਾਪਤ ਕਰਨ, ਆਪਣੇ ਪਰਿਵਾਰਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਅਤੇ ਇੱਕ ਮਜ਼ਬੂਤ ਅਤੇ ਪ੍ਰਗਤੀਸ਼ੀਲ ਰਾਸ਼ਟਰ ਬਣਾਉਣ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ।

BYTE

ਰਾਜਪਾਲ ਨੇ NIT ਜਲੰਧਰ ਨੂੰ ਇਕ ਵਿਲੱਖਣ ਪਹਿਲਕਦਮੀ ਕਰਨ ਦਾ ਸੱਦਾ ਦਿੰਦਿਆਂ ਕਿਹਾ

BYTE

ਸਮਾਰੋਹ ਦੌਰਾਨ ਕੁੱਲ 1 ਹਜ਼ਾਰ 454 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਰਾਜਪਾਲ ਨੇ ਵਿਸ਼ਵ ਪੱਧਰੀ ਇੰਜੀਨੀਅਰ ਪੈਦਾ ਕਰਨ ਵਿੱਚ NIT ਦੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ । ਡਾਇਰੈਕਟਰ ਪ੍ਰੋ. ਬਿਨੋਦ ਕੁਮਾਰ ਕਨੌਜੀਆ ਨੇ ਸੰਸਥਾ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ ਅਤੇ ਮਿਆਰੀ ਸਿੱਖਿਆ, ਖੋਜ ਅਤੇ ਨਵੀਨਤਾ ਰਾਹੀਂ ਰਾਸ਼ਟਰ ਨਿਰਮਾਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

----------------------------------------------------------------------

ਪੰਜਾਬ ਵਿੱਚ ਮਿਲਾਵਟਖੋਰੀ ਦੇ ਖ਼ਤਰੇ ਨੂੰ ਜੜ੍ਹੋਂ ਖ਼ਤਮ ਕਰਨ ਦੇ ਮੱਦੇਨਜ਼ਰ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਕੂਲਾਂ ਵਿੱਚ ਸੈਮੀਨਾਰਾਂ ਅਤੇ ਸਮਾਗਮਾਂ ਰਾਹੀਂ ਮਿਲਾਵਟੀ ਦੁੱਧ, ਪਨੀਰ, ਘਿਓ ਅਤੇ ਹੋਰ ਦੁੱਧ ਉਤਪਾਦਾਂ ਦੀ ਗੁਣਵੱਤਾ ਜਾਂਚ ਕਰਨ ਸਬੰਧੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮੁਹਿੰਮ, ਜ਼ਿਲ੍ਹਾ ਫਰੀਦਕੋਟ ਦੇ ਕੋਟਕਪੂਰਾ ਤੋਂ ਸ਼ੁਰੂ ਕੀਤੀ

ਜਾਵੇਗੀ। ਉਨ੍ਹਾਂ ਦੱਸਿਆ ਕਿ ਆਮ ਲੋਕਾਂ ਨੂੰ ਵੀ ਮਿਲਾਵਟੀ ਉਤਪਾਦਾਂ ਦੀ ਜਾਂਚ ਦਾ ਤਰੀਕਾ ਦੇਖਣ ਅਤੇ ਸਿੱਖਣ ਲਈ ਸੱਦਾ ਦਿੱਤਾ ਜਾਵੇਗਾ ਤਾਂ ਜੋ ਉਹ ਆਪਣੇ ਪੱਧਰ ’ਤੇ ਅਜਿਹੇ ਗ਼ੈਰ-ਮਿਆਰੀ ਖੁਰਾਕ ਪਦਾਰਥਾਂ ਦੀ ਗੁਣਵੱਤਾ ਜਾਂਚ-ਪਰਖ ਸਕਣ । ਉਨ੍ਹਾਂ ਕਿਹਾ ਕਿ ਇਸ ਮੁਹਿੰਮ ਵਿੱਚ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਏ ਤਾਂ ਜੋ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਚੰਗੀ ਸਿਹਤ ਬਣਾਈ ਰੱਖਣ ਵਿੱਚ ਮਦਦ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਮਿਲਾਵਟਖੋਰੀ ਦੇ ਖ਼ਤਰੇ ਨੂੰ ਖਤਮ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਉਨ੍ਹਾਂ ਨੇ ਮਿਲਾਵਟਖੋਰੀ ਪੰਜਾਬ ਦੇ ਲੋਕਾਂ ਲਈ ਇੱਕ ਗੰਭੀਰ ਖ਼ਤਰਾ ਦੱਸਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਿਲਾਵਟਖੋਰੀ ਵਿੱਚ ਸ਼ਾਮਲ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ ।

------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕੈਨੇਡਾ, ਖਾਸ ਕਰਕੇ ਬ੍ਰਿਟਿਸ਼ ਕੋਲੰਬੀਆ ਨਾਲ ਵਪਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਤਾਂ ਜੋ ਆਪਸੀ ਸਹਿਯੋਗ ਨੂੰ ਵਧਾਕੇ ਦੋਵਾਂ ਖਿੱਤਿਆਂ ਦੇ ਕਾਰੋਬਾਰ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾ ਸਕੇ। ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਏਬੇ ਨਾਲ ਚੰਡੀਗੜ੍ਹ ਵਿਖੇ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ

ਕੈਨੇਡਾ ਹਮੇਸ਼ਾ ਭਾਰਤ ਅਤੇ ਪੰਜਾਬ ਲਈ ਇੱਕ ਮਜ਼ਬੂਤ ਭਾਈਵਾਲ ਰਿਹਾ ਏ। ਉਨ੍ਹਾਂ ਕੈਨੇਡਾ ਅਤੇ ਪੰਜਾਬ ਦਰਮਿਆਨ ਮਜ਼ਬੂਤ ਵਪਾਰਕ ਅਤੇ ਨਿਵੇਸ਼ ਸਬੰਧਾਂ ਦੀ ਸ਼ਲਾਘਾ ਕਰਦਿਆਂ ਇਸ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੀ ਉਮੀਦ ਜ਼ਾਹਿਰ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੋਵਾਂ ਖਿੱਤਿਆਂ ਲਈ ਮਹੱਤਵ ਵਾਲੇ ਖੇਤਰਾਂ ਵਿੱਚ ਕੈਨੇਡਾ ਦੇ ਕਾਰੋਬਾਰ ਨਾਲ ਸਹਿਯੋਗ ਕਰਨ ਲਈ ਪੂਰੀ ਤਰ੍ਹਾਂ ਤਿਆਰ ਅਤੇ ਉਤਸੁਕ ਏ। ਇਸ ਮੌਕੇ ਸ੍ਰੀ ਡੇਵਿਡ ਨੇ ਹੋਰ ਨੇੜਲੇ ਸਬੰਧਾਂ ਲਈ ਉਤਸੁਕਤਾ ਪ੍ਰਗਟ ਕਰਦਿਆਂ, ਕਿਹਾ ਕਿ ਉਨ੍ਹਾਂ ਦੀ ਪੰਜਾਬ ਨਾਲ ਵਪਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀਲਚਸਪੀ ਏ ਅਤੇ ਹੁਨਰ ਵਿਕਾਸ, ਊਰਜਾ ਤੇ ਹੋਰ ਖੇਤਰਾਂ ਵਿੱਚ ਆਪਸੀ ਆਦਾਨ-ਪ੍ਰਦਾਨ ਦੇ ਮੌਕਿਆਂ ਦੀ ਪੜਚੋਲ ਵੀ ਕੀਤੀ ਜਾਵਾਗੀ।

-----------------------------------------------------------------------

ਪੰਜਾਬ ਸਰਕਾਰ ਵੱਲੋਂ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਬਜ਼ੁਰਗਾਂ ਦੇ ਸਤਿਕਾਰ ਅਤੇ ਉਨ੍ਹਾਂ ਦੀ ਸਹੂਲਤ ਲਈ ਅੱਜ ਮੁਹਾਲੀ ਵਿਖੇ ਕਿਸਾਨ ਵਿਕਾਸ ਚੈਂਬਰ ਵਿਖੇ ਸੂਬਾ ਪੱਧਰੀ 'ਸੀਨੀਅਰ ਸਿਟੀਜਨ ਦਿਵਸ' ਮਨਾਇਆ ਗਿਆ। ਇਸ ਮੌਕੇ ਸਮਾਜਿਕ ਸੁਰੱਖਿਆ,ਮਹਿਲਾ ਤੇ ਬਾਲ ਵਿਕਾਸ ਮੰਤਰੀ ਬਲਜੀਤ ਕੌਰ ਨੇ ਬਹੁ-ਮੰਤਵੀ ਸੇਵਾ ਕੈਂਪਾਂ ਦੀ ਸ਼ੁਰੂਆਤ ਕੀਤੀ। ਮੰਤਰੀ ਨੇ ਸਟਾਲ ਤੇ ਜਾ ਕੇ ਜਾਣਕਾਰੀ ਹਾਸਿਲ

ਕੀਤੀ ਅਤੇ ਆਏ ਹੋਏ ਬਜ਼ੁਰਗਾਂ ਨਾਲ ਗੱਲਬਾਤ ਕੀਤੀ। ਉਹਨਾਂ ਭਵਿੱਖ ਵਿੱਚ ਵੀ ਕਿਸੇ ਵੀ ਤਕਲੀਫ਼ ਹੋਣ ਦੀ ਸੂਰਤ 'ਚ ਸੰਬੰਧਿਤ ਵਿਭਾਗ ਨੂੰ ਆਪਣੀ ਪ੍ਰੇਸ਼ਾਨੀ ਦਸਣ ਬਾਰੇ ਕਿਹਾ। ਪਤਰਕਾਰਾਂ ਨਾਲ ਗਲਬਾਤ ਕਰਦਿਆਂ ਮੰਤਰੀ ਨੇ ਦਸਿਆ ਕਿ ਅੱਜ ਮੁਹਾਲੀ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਏ ਅਤੇ ਫਰਵਰੀ ਦੇ ਅਖੀਰ ਤੱਕ ਸਮੁੱਚਾ ਪੰਜਾਬ ਕਵਰ ਕੀਤਾ ਜਾਵੇਗਾ।

BYTE

ਬਜ਼ੁਰਗਾਂ ਦੀ ਸਿਹਤ ਸੁਵਿਧਾ ਲਈ ਵੱਖ-ਵੱਖ ਸਿਹਤ ਵਿਭਾਗਾਂ ਵੱਲੋਂ ਅੱਖਾਂ ਦੀ ਮੁਫ਼ਤ ਡਾਕਟਰੀ ਜਾਂਚ ਅਤੇ ਅਪਰੇਸ਼ਨ, ਸਿਹਤ ਨਾਲ ਸਬੰਧਤ ਡਾਕਟਰੀ ਜਾਂਚ, ਆਯੂਰਵੈਦਿਕ, ਹੋਮਿਓਪੈਥਿਕ ਵਿਭਾਗਾਂ ਵੱਲੋਂ ਵਿਸ਼ੇਸ਼ ਕੈਂਪ ਤੋਂ ਇਲਾਵਾ ਬਜ਼ੁਰਗਾਂ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਰੱਖਣ ਲਈ ਯੋਗਾ ਕੈਂਪ ਵੀ ਲਗਾਇਆ ਗਿਆ। ਇਸ ਤੋਂ ਇਲਾਵਾ ਰਾਸ਼ਟਰੀ ਅਤੇ ਸੂਬਾ ਪੈਨਸ਼ਨ ਯੋਜਨਾਵਾਂ ਅਧੀਨ ਬੁਢਾਪਾ ਪੈਨਸ਼ਨ ਸਬੰਧੀ ਮੌਕੇ ਤੇ ਫਾਰਮ ਭਰਵਾਏ ਗਏ ਤਾਂ ਜੋ ਕੋਈ ਵੀ ਯੋਗ ਬਜ਼ੁਰਗ ਲਾਭ ਤੋਂ ਵਾਂਝਾ ਨਾ ਰਹੇ।

ਸਮਾਗਮ ਦੌਰਾਨ ਅਟਲ ਵਯੋ ਅਭਿਊਦਯ ਯੋਜਨਾ ਅਧੀਨ ਅਲੀਮਕੋ ਵੱਲੋਂ ਵਿਸ਼ੇਸ਼ ਕੈਂਪ ਦੌਰਾਨ ਲੋੜਵੰਦਾਂ ਨੂੰ ਮੌਕੇ 'ਤੇ ਹੀ ਸਹਾਇਕ ਉਪਕਰਣ

ਮੁਫ਼ਤ ਵੰਡੇ ਗਏ। ਲਾਭਪਾਤਰੀ ਬਜੁਰਗ ਮਹਿਲਾ ਨੇ ਬੁਢਾਪਾ ਪੈਨਸ਼ਨ ਲੱਗਣ ਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ।

BYTE

-------------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇੱਕ ਕੌਮਾਂਤਰੀ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ 3 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਹੈਰੋਇਨ, ਆਧੁਨਿਕ ਹਥਿਆਰ, ਗੋਲਾ-ਬਾਰੂਦ ਅਤੇ ਕਾਰਾਂ ਬਰਾਮਦ ਕੀਤੀਆਂ ਨੇ। ਬਾਰਡਰ ਰੇਂਜ ਦੇ ਡੀ.ਆਈ.ਜੀ ਸੰਦੀਪ ਗੋਇਲ ਨੇ ਪ੍ਰੈਸ ਕਾਨਫਰੰਸ ਦੌਰਾਨ ਵੇਰਵੇ ਸਾਂਝੇ ਕਰਦਿਆਂ ਦਸਿਆ।

BYTE

-------------------------------------------------------------------

40 ਮੁਕਤਿਆਂ ਦੀ ਯਾਦ ਨੂੰ ਸਮਰਪਿਤ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਕਲਚਰਲ ਅਤੇ ਹੈਰੀਟੇਜ ਸੁਸਾਇਟੀ ਦੇ ਸਹਿਯੋਗ ਨਾਲ ਲਗਾਇਆ ਗਿਆ ਚਾਰ ਰੋਜ਼ਾ 'ਮੇਲਾ ਜਾਗਦੇ ਜੁਗਨੂੰਆਂ ਦਾ' ਹਵਾ, ਪਾਣੀ, ਧਰਤੀ ਬਚਾਉਣ ਦਾ ਸੱਦਾ ਦਿੰਦਿਆਂ ਯਾਦਗਾਰੀ ਹੋ ਨਿਬੜਿਆ। ਮੇਲੇ 'ਚ ਕਿਤਾਬਾਂ ਦੇ ਸਟਾਲ ,ਦੇਸੀ ਖਾਣੇ ,ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਪਹਿਰਾਵਾ ਖਿੱਚ ਦਾ ਕੇਂਦਰ ਰਹੇ । ਪੰਜਾਬ ਅਜੀਵਕਾ ਮਿਸ਼ਨ ਸਵੈ ਸਹਾਇਤਾ ਸਮੂਹ ਸ੍ਰੀ ਮੁਕਤਸਰ ਸਾਹਿਬ, ਬਠਿੰਡਾ

ਗਿੱਦੜਬਾਹਾ ਦੇ ਪਿੰਡਾਂ ਦੀਆਂ ਔਰਤਾਂ ਨੇ ਆਪਣੇ ਵੱਖ-ਵੱਖ ਸਟਾਲ ਲਾਇਆ ਗਿਆ । ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਸਰਕਾਰੀ ਹਰ ਤਰ੍ਹਾਂ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ। ਮੇਲੇ ਦੇ ਆਖਰੀ ਦਿਨ ਕਵੀਸ਼ਰੀ ਜਥੇ ਵੱਲੋਂ 40 ਮੁਕਤਿਆਂ ਦੀ ਲਾਸਾਨੀ ਸ਼ਹਾਦਤ , ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਭਾਈ ਮਹਾਂ ਸਿੰਘ ਦੀ ਟੁੱਟੀ ਗੰਢਣ ਦਾ ਇਤਿਹਾਸ ਸੁਣਾਇਆ ਗਿਆ ।

---------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਉੱਤਰਾਖੰਡ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਲਈ ORANGE ALERT ਜਾਰੀ ਕੀਤਾ ਏ। ਮੌਸਮ ਵਿਭਾਗ ਨੇ ਮੰਗਲਵਾਰ ਤੱਕ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ, ਪੱਛਮੀ ਬੰਗਾਲ ਅਤੇ ਸਿੱਕਮ ਵਿੱਚ ਵੀ ਵੱਖ-ਵੱਖ ਥਾਵਾਂ 'ਤੇ ਸੰਘਣੀ ਧੁੰਦ ਦੀ ਪੇਸ਼ੀਨਗੋਈ ਵੀ ਕੀਤੀ ਏ. ਵਿਭਾਗ ਨੇ ਕਿਹਾ ਏ ਕਿ ਅੱਜ ਹਰਿਆਣਾ, ਚੰਡੀਗੜ੍ਹ ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਵਿੱਚ ਸੀਤ ਲਹਿਰ ਦੀ ਸਥਿਤੀ ਜਾਰੀ ਰਹੇਗੀ।

---------------------------------------------------------------------

- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ -ਸਟਾਰਟਅੱਪ ਇੰਡੀਆ ਪ੍ਰੋਗਰਾਮ ਇੱਕ "ਸਤਰੰਗਾਂ ਦ੍ਰਿਸ਼ਟੀਕੋਣ ਏ, ਜੋ ਵੱਖ-ਵੱਖ ਖੇਤਰਾਂ ਨੂੰ ਨਵੇਂ ਮੌਕਿਆਂ ਨਾਲ ਜੋੜਦਾ ਏ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਨੌਜਵਾਨਾਂ ਨੂੰ ਦੇਸ਼ ਅਤੇ ਸਮਾਜ ਦੀ ਸੇਵਾ ਕਰਨ ਦੀ ਅਪੀਲ -ਉਨ੍ਹਾਂ NIT ਜਲੰਧਰ ਦੇ 21ਵੇਂ ਕਨਵੋਕੇਸ਼ਨ ਸਮਾਰੋਹ ਵਿਚ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਏਬੇ ਨਾਲ ਕੀਤੀ ਮੁਲਾਕਾਤ - ਸ੍ਰੀ ਡੇਵਿਡ ਨੇ ਪੰਜਾਬ ਨਾਲ ਹੋਰ ਨੇੜਲੇ ਸਬੰਧਾਂ ਲਈ ਉਤਸੁਕਤਾ ਜ਼ਾਹਿਰ ਕੀਤੀ।

- ਪੰਜਾਬ ਸਰਕਾਰ ਵੱਲੋਂ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਬਜ਼ੁਰਗਾਂ ਦੇ ਸਤਿਕਾਰ ਲਈ ਮੁਹਾਲੀ ਵਿਖੇ ਸੂਬਾ ਪੱਧਰੀ ਸਮਹੋਰ ਦਾ ਆਯੋਜਨ ।

- ਅੰਮ੍ਰਿਤਸਰ ਦਿਹਾਤੀ ਪੁਲਿਸ ਵਲੋਂ ਇੱਕ ਕੌਮਾਂਤਰੀ ਨਸ਼ਾ ਤਸਕਰੀ ਗਿਰੋਹ ਦਾ ਪਰਦਾਫਾਸ਼- 3 ਮੁਲਜ਼ਮਾਂ ਨੂੰ ਹੈਰੋਇਨ, ਹਥਿਆਰ, ਗੋਲਾ-ਬਾਰੂਦ ਅਤੇ ਕਾਰਾਂ ਸਮੇਤ ਕੀਤਾ ਗ੍ਰਿਫ਼ਤਾਰ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**